# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 12-10-2024**

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਸਰਹੱਦੀ ਸੜਕ ਸੰਗਠਨ BRO ਵੱਲੋਂ 2 ਹਜ਼ਾਰ 236 ਕਰੋੜ ਰੁਪਏ ਦੀ ਲਾਗਤ ਨਾਲ ਬਣਾਏ ਗਏ 75 ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਰਾਸ਼ਟਰ ਨੂੰ ਸਮਰਪਿਤ ਕੀਤਾ।
- ਪੰਜਾਬ ਦੀਆਂ ਮੰਡੀਆਂ ਵਿਚ ਝੋਨੇ ਦੀ ਆਮਦ ਲਗਾਤਾਰ ਜਾਰੀ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੁਸਿਹਰੇ ਦਾ ਤਿਉਹਾਰ ਮਨਾਉਣ 'ਚ ਦੇਸ਼ ਦੀ ਅਗਵਾਈ ਕੀਤੀ।
- ਪੰਜਾਬ ਅਤੇ ਚੰਡੀਗੜ੍ਹ ਦੇ ਤਾਪਮਾਨ ਵਿਚ ਲਗਾਤਰ ਗਿਰਾਵਟ ਨਾਲ ਮੌਸਮ ਬਦਲ ਰਿਹੇ ।

----------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਸਰਹੱਦੀ ਸੜਕ ਸੰਗਠਨ BRO ਵੱਲੋਂ 2 ਹਜ਼ਾਰ 236 ਕਰੋੜ ਰੁਪਏ ਦੀ ਲਾਗਤ ਨਾਲ ਬਣਾਏ ਗਏ 75 ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਰਾਸ਼ਟਰ ਨੂੰ ਸਮਰਪਿਤ ਕੀਤਾ। ਇਸ ਮੌਕੇ ਸ੍ਰੀ ਰਾਜਨਾਥ ਸਿੰਘ ਨੇ ਸੰਬੋਧਨ ਵੀ ਕੀਤਾ. ਆਪਣੇ ਸੰਬੋਧਨ 'ਚ ਓਹਨਾਂ ਕਿਹਾ ਕਿ ਪਿਛਲੇ ਇੱਕ ਦਹਾਕੇ ਚ ਪਿੰਡਾਂ ਤੋਂ ਸ਼ਹਿਰਾਂ ਤਕ ਸੜਕਾਂ ਦਾ ਅਜਿਹਾ ਨੈਟਵਰਕ ਬਣਾਇਆ ਏ ਜਿਸ ਨਾਲ ਦੇਸ਼ ਨੇ ਨਵੀਂ ਰਫਤਾਰ ਪਕੜੀ ਏ ਇਹ ਪ੍ਰੋਜੈਕਟ ਅੰਡੇਮਾਨ ਅਤੇ ਨਿਕੋਬਾਰ ਟਾਪੂ ਸਮੇਤ ਦੇਸ਼ ਦੇ 11 ਸਰਹੱਦੀ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਬਣਾਏ ਗਏ ਨੇ. 75 ਨਵੇਂ ਪ੍ਰੋਜੈਕਟਾਂ ਵਿੱਚੋਂ 19 ਪ੍ਰੋਜੈਕਟ ਜੰਮੂ ਅਤੇ ਕਸ਼ਮੀਰ ਵਿੱਚ, 11 ਲੱਦਾਖ ਵਿੱਚ, 18 ਅਰੁਣਾਚਲ ਪ੍ਰਦੇਸ਼ ਵਿੱਚ,9 ਉੱਤਰਾਖੰਡ ਵਿੱਚ, 6 ਸਿੱਕਮ ਵਿੱਚ, 5 ਹਿਮਾਚਲ ਪ੍ਰਦੇਸ਼ ਵਿੱਚ, 2-2 ਪੱਛਮੀ ਬੰਗਾਲ ਅਤੇ ਰਾਜਸਥਾਨ ਵਿੱਚ ਅਤੇ 1-1 ਨਾਗਾਲੈਂਡ, ਮਿਜ਼ੋਰਮ ਅਤੇ ਅੰਡੇਮਾਨ ਅਤੇ ਨਿਕੋਬਾਰ ਟਾਪੂ ਵਿੱਚ ਨੇ . ਸਭ ਤੋਂ ਮਹੱਤਵਪੂਰਨ ਪ੍ਰੋਜੈਕਟਾਂ ਵਿੱਚੋਂ ਇੱਕ

ਸਿੱਕਮ ਵਿੱਚ ਕੁਪੁਪ-ਸ਼ੇਰਾਥਾਂਗ ਰੋਡ ਏ ਜੋ ਜਵਾਹਰ ਲਾਲ ਨਹਿਰੂ ਮਾਰਗ ਅਤੇ ਜ਼ੁਲੁਕ ਐਕਸਿਸ ਦਰਮਿਆਨ ਇੱਕ ਮਹੱਤਵਪੂਰਨ ਸੰਪਰਕ ਵਜੋਂ ਕੰਮ ਕਰੇਗੀ। ਇਹ ਫੌਜ ਨੂੰ ਮੁਲਾਜ਼ਮਾਂ ਅਤੇ ਮਸ਼ੀਨਰੀ ਦੀਆਵਾਜਾਈ ਨੂੰ ਸਮਰੱਥ ਬਣਾਉਣ ਲਈ ਇੱਕ ਬਦਲਵਾਂ ਰਸਤਾ ਪ੍ਰਦਾਨ ਕਰੇਗਾ। ਇਸ ਸੰਬੰਧ 'ਚ ਸ਼੍ਰੀ ਸਿੰਘ ਨੇ ਕਿਹਾ ਕਿ 2014 'ਚ NDA ਸਰਕਾਰ ਦੇ ਆਉਣ ਤੋਂ ਬਾਅਦ ਉੱਤਰ ਪੂਰਬੀ ਭਾਰਤ ਅਤੇ ਹੋਰ ਸਰਹੱਦੀ ਇਲਾਕਿਆਂ ਨੂੰ ਪੂਰੀ ਅਹਿਮੀਅਤ ਦਿੱਤੀ ਗਈ ਏ –

---------------------------------------------------------

ਐਸ.ਏ.ਐਸ.ਨਗਰ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਬੀਤੇ ਕੱਲ ਸ਼ਾਮ ਤੱਕ 31126 ਮੀਟਰਿਕ ਟਨ ਝੋਨੇ ਦੀ ਆਮਦ ਹੋਈ ਏ , ਜਿਸ ਵਿੱਚੋਂ 28106 ਮੀਟਰਿਕ ਟਨ ਦੀ ਖਰੀਦ ਏਜੰਸੀਆਂ ਵੱਲੋਂ ਕੀਤੀ ਜਾ ਚੁੱਕੀ ਏ , ਇਹ ਜਾਣਕਾਰੀ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦਿੱਤੀ। ਓਹਨਾ ਦੱਸਿਆ ਕਿ ਜ਼ਿਲ੍ਹੇ ਵਿੱਚ 17 ਖਰੀਦ ਕੇਂਦਰਾਂ ਵਿੱਚ ਝੋਨੇ ਦੀ ਆਮਦ ਦਰਜ ਕੀਤੀ ਗਈ ਏ , ਜਿਨ੍ਹਾਂ ਵਿੱਚ ਪਨਗ੍ਰੇਨ, ਪਨਸਪ, ਪੰਜਾਬ ਰਾਜ ਗੁਦਾਮ ਨਿਗਮ, ਮਾਰਕਫੈੱਡ ਅਤੇ

ਭਾਰਤੀ ਖੁਰਾਕ ਨਿਗਮ ਖਰੀਦ ਕਾਰਜਾਂ ਵਿੱਚ ਸ਼ਾਮਲ ਨੇ । ਓਹਨਾ ਕਿਹਾ ਕਿ ਡੇਰਾਬੱਸੀ, ਲਾਲੜੂ, ਜੜੌਤ ਅਤੇ ਖਰੜ ਮੰਡੀਆਂ ਵਿੱਚ ਲਿਫਟਿੰਗ ਸ਼ੁਰੂ ਕਰ ਦਿੱਤੀ ਗਈ ਏ ਜਦਕਿ ਬਾਕੀ ਮੰਡੀਆਂ ਵਿੱਚ ਵੀ ਇੱਕ-ਦੋ ਦਿਨਾਂ ਵਿੱਚ ਝੋਨੇ ਦੀ ਲਿਫਟਿੰਗ ਸ਼ੁਰੂ ਹੋ ਜਾਵੇਗੀ। ਡਿਪਟੀ ਕਮਿਸ਼ਨਰ ਨੇ ਅੱਜ ਖਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਚ ਥਾਂ ਦੀ ਤੰਗੀ ਤੋਂ ਬਚਣ ਲਈ ਲਿਫਟਿੰਗ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਡੀਆਂ ਵਿੱਚ ਝੋਨਾ ਲਿਆਉਣ ਵਾਲੇ ਕਿਸਾਨਾਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।

---------------------------------------------------------

ਉਧਰ ਘੱਗਾ ਅਨਾਜ ਮੰਡੀ 'ਚ ਚੱਲ ਰਹੀ ਝੋਨੇ ਦੀ ਖਰੀਦ ਦਾ ਐਸ.ਡੀ.ਐਮ ਪਾਤੜਾਂ ਅਸ਼ੋਕ ਕੁਮਾਰ ਨੇ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਖਰੀਦ ਏਜੰਸੀਆਂ ਨੂੰ ਮੰਡੀਆਂ 'ਚ ਆਏ ਝੋਨੇ ਦੀ ਨਾਲੋ ਨਾਲ ਖਰੀਦ ਕਰਨੀ ਯਕੀਨੀ ਬਣਾਉਣ ਲਈ ਤੇ ਖਰੀਦੇ ਝੋਨੇ ਦੀ ਮੰਡੀਆਂ 'ਚੋਂ ਲਿਫ਼ਟਿੰਗ ਵੀ ਤੇਜ਼ੀ ਨਾਲ ਕਰਨ ਦੀ ਹਦਾਇਤ ਕੀਤੀ। ਉਹਨਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ

ਆਪਣੀ ਸੁੱਕੀ ਜਿਣਸ ਹੀ ਮੰਡੀ 'ਚ ਲਿਆਉਣ ਤਾਂ ਕਿ ਉਨ੍ਹਾਂ ਨੂੰ ਮੰਡੀ 'ਚ ਜ਼ਿਆਦਾ ਸਮਾਂ ਨਾ ਬੈਠਣਾ ਪਵੇ।

---------------------------------------------------

ਇਸੇ ਤਰਾਂ ਦੁਧਨਸਾਧਾਂ ਸਬ ਡਵੀਜ਼ਨ ਦੇ ਐਸ.ਡੀ.ਐਮ. ਕ੍ਰਿਪਾਲਵੀਰ ਸਿੰਘ ਨੇ ਭੁਨਰਹੇੜੀ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਖਰੀਦ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਸਬ ਡਵੀਜ਼ਨ ਦੁਧਨਸਾਧਾਂ ਅਧੀਨ ਪੈਂਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਸੁਚਾਰੂ ਢੰਗ ਨਾਲ ਚੱਲ ਰਹੀ ਏ ਅਤੇ ਚੁਕਾਈ ਵੀ ਨਾਲੋ-ਨਾਲ ਸ਼ੁਰੂ ਹੋ ਗਈ ਏ ।

---------------------------------------------------

ਕਿਸਾਨਾਂ ਨੂੰ ਮਿਆਰੀ ਖੇਤੀ ਸਮੱਗਰੀ ਖਾਸ ਕਰਕੇ ਹਾੜੀ ਦੌਰਾਨ ਫਸਲਾਂ ਦੀ ਕਾਸ਼ਤ ਲਈ ਲੋੜੀਂਦੀਆਂ ਖਾਦਾਂ ਮੁਹੱਈਆ ਕਰਵਾਉਣ ਦੇ ਮੰਤਵ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਜਿਲ੍ਹਾ ਫਰੀਦਕੋਟ ਵਿੱਚ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਏ । ਮੁੱਖ ਖੇਤੀਬਾੜੀ ਅਫਸਰ ਫਰੀਦਕੋਟ ਡਾ. ਅਮਰੀਕ ਸਿੰਘ ਦੀ ਅਗਵਾਈ ਵਿੱਚ ਜ਼ਿਲਾ

ਪੱਧਰੀ ਟੀਮ ਵੱਲੋਂ ਬਲਾਕ ਫਰੀਦਕੋਟ ਦੇ ਖੇਤੀ ਸਮੱਗਰੀ ਵੇਚਣ ਵਾਲਿਆਂ ਦੇ ਕਾਰੋਬਾਰ ਨਾਲ ਸੰਬੰਧਤ ਦੁਕਾਨਾਂ ਅਤੇ ਗੋਦਾਮਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਜ਼ਿਲਾ ਫਰੀਦਕੋਟ ਵਿੱਚ ਹਾੜ੍ਹੀ ਦੌਰਾਨ ਤਕਰੀਬਨ ਇੱਕ ਲੱਖ ਪੰਦਰਾਂ ਹਜ਼ਾਰ ਹੈਕਟੇਅਰ ਰਕਬੇ ਵਿੱਚ ਕਣਕ ਦੀ ਬਿਜਾਈ ਕੀਤੀ ਜਾਣੀ ਏ , ਜਿਸ ਲਈ ਤਕਰੀਬਨ 16 ਹਜ਼ਾਰ ਮੀਟ੍ਰਿਕ ਟਨ ਫਾਸਫੈਟਿਕ ਖਾਦਾਂ ਦੀ ਜ਼ਰੂਰਤ ਏ

-----------------------------------------------------

ਅੱਜ ਵਿਸ਼ਵ ਗਠੀਆ ਦਿਵਸ ਏ । ਹੱਡੀਆਂ ਵਿੱਚ ਪੌਸ਼ਟਿਕ ਤੱਤਾਂ ਦੀ ਕਮੀ ਨਾਲ ਅਸਹਿ ਦਰਦ ਹੁੰਦਾ ਹੈ, ਜਿਸ ਨੂੰ ਗਠੀਆ ਕਿਹਾ ਜਾਂਦਾ ਹੈ। ਇਹ ਦਿਵਸ ਹਰ ਸਾਲ 12 ਅਕਤੂਬਰ ਨੂੰ ਹੱਡੀਆਂ ਦੇ ਰੋਗਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਹੈ। ਅੱਜ ਇੱਸ ਦਿਵਸ ਉਪਰ ਗਠੀਏ ਦੀ ਬਿਮਾਰੀ ਸੰਬੰਧੀ ਮੁਹਾਲੀ ਜ਼ਿਲੇ ਦੇ ਡਾਕਟਰ ਸੁਰਜੀਤ ਸਿੰਘ ਬਾਵਾ ਨੇ ਜਾਣਕਾਰੀ ਦਿੱਤੀ

BYTE

---------------------------------------------------------------

ਹਰਿਆਣਾ 'ਚ ਨਵੀਂ ਸਰਕਾਰ ਦੁਆਰਾ ਵੀਰਵਾਰ ਨੂੰ ਪੰਚਕੂਲਾ 'ਚ ਸਹੁੰ ਚੁੱਕੀ ਜਾਵੇਗੀ। ਇਸ ਦੀ ਪੁਸ਼ਟੀ ਕਰਦਿਆਂ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਦੀ ਮਨਜ਼ੂਰੀ ਮਿਲ ਚੁਕੀ ਏ ਅਤੇ ਮੁੱਖ ਮੰਤਰੀ ਅਤੇ ਮੰਤਰੀ ਮੰਡਲ ਪੰਚਕੂਲਾ ਵਿੱਚ 17 ਅਕਤੂਬਰ ਨੂੰ ਸਹੁੰ ਚੁੱਕਣਗੇ। ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਨੇ ਲਗਾਤਾਰ ਤੀਜੀ ਵਾਰ ਜਿੱਤ ਹਾਸਲ ਕੀਤੀ ਏ । 90 ਮੈਂਬਰੀ ਵਿਧਾਨ ਸਭਾ ਵਿੱਚ ਭਾਜਪਾ ਨੇ 48 ਸੀਟਾਂ ਜਿੱਤੀਆਂ ਜਦਕਿ ਕਾਂਗਰਸ ਨੇ 37 ਸੀਟਾਂ ਹਾਸਲ ਕੀਤੀਆਂ ।

---------------------------------------------------------------

ਇੰਡੀਅਨ ਨੈਸ਼ਨਲ ਲੋਕ ਦਲ, ਜਿਸ ਨੇ ਬਸਪਾ ਨਾਲ ਗਠਜੋੜ ਕਰਕੇ ਚੋਣ ਲੜੀ ਸੀ, ਨੇ ਦੋ ਸੀਟਾਂ ਜਿੱਤੀਆਂ ਅਤੇ ਪੰਜ ਸੀਟਾਂ ਆਜ਼ਾਦ ਉਮੀਦਵਾਰਾਂ ਨੂੰ ਮਿਲੀਆਂ ਨੇ ।

---------------------------------------------------

ਉਧਰ ਜੰਮੂ-ਕਸ਼ਮੀਰ ਵਿੱਚ ਨੈਸ਼ਨਲ ਕਾਨਫਰੰਸ ਦੀ ਅਗਵਾਈ ਵਾਲੇ ਗਠਜੋੜ ਨੇ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕੀਤਾ ਏ । ਪਾਰਟੀ ਦੇ ਉਪ ਪ੍ਰਧਾਨ ਉਮਰ ਅਬਦੁੱਲਾ ਨੇ ਕੱਲ੍ਹ ਸ੍ਰੀਨਗਰ ਵਿੱਚ ਉਪ ਰਾਜਪਾਲ ਮਨੋਜ ਸਿਨਹਾ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਇਸ ਸਬੰਧ ਵਿੱਚ ਇੱਕ ਪੱਤਰ ਸੌਂਪਿਆ.। ਉਪ ਰਾਜਪਾਲ ਨਾਲ ਮੁਲਾਕਾਤ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਅਬਦੁੱਲਾ ਨੇ ਕਿਹਾ ਕਿ ਉਨ੍ਹਾਂ ਨੇ ਸ੍ਰੀ ਸਿਨਹਾ ਨੂੰ ਸਹੁੰ ਚੁੱਕ ਸਮਾਗਮ ਦੀ ਤਰੀਕ ਤੈਅ ਕਰਨ ਦੀ ਬੇਨਤੀ ਕੀਤੀ ਏ

---------------------------------------------------

ਉਧਰ ਘੱਗਾ ਅਨਾਜ ਮੰਡੀ'ਚ ਚੱਲ ਰਹੀ ਝੋਨੇ ਦੀ ਖਰੀਦ ਦਾ ਐਸ.ਡੀ.ਐਮ ਪਾਤੜਾਂ ਅਸ਼ੋਕ ਕੁਮਾਰ ਨੇ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਖਰੀਦ ਏਜੰਸੀਆਂ ਨੂੰ ਮੰਡੀਆਂ'ਚ ਆਏ ਝੋਨੇ ਦੀ ਨਾਲੋ ਨਾਲ ਖਰੀਦ ਕਰਨੀ ਯਕੀਨੀ ਬਣਾਉਣ ਲਈ ਤੇ ਖਰੀਦੇ

ਝੋਨੇ ਦੀ ਮੰਡੀਆਂ 'ਚੋਂ ਲਿਫ਼ਟਿੰਗ ਵੀ ਤੇਜ਼ੀ ਨਾਲ ਕਰਨ ਦੀ ਹਦਾਇਤ ਕੀਤੀ। ਉਹਨਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਸੁੱਕੀ ਜਿਣਸ ਹੀ ਮੰਡੀ 'ਚ ਲਿਆਉਣ ਤਾਂ ਕਿ ਉਨ੍ਹਾਂ ਨੂੰ ਮੰਡੀ 'ਚ ਜ਼ਿਆਦਾ ਸਮਾਂ ਨਾ ਬੈਠਣਾ ਪਵੇ।

---------------------------------------------------

ਪੰਜਾਬ ਰਾਜ ਵਿੱਚ ਗ੍ਰਾਮ ਪੰਚਾਇਤ ਚੋਣਾਂ-2024, ਮਿਤੀ 15 ਅਕਤੂਬਰ 2024 ਨੂੰ ਹੋਣ ਜਾ ਰਹੀਆਂ ਨੇ । ਪੰਜਾਬ ਰਾਜ ਚੋਣ ਕਮਿਸ਼ਨ ਐਕਟ -1994 ਵਿੱਚ ਕੀਤੀ ਗਈ ਵਿਵਸਥਾ ਅਨੁਸਾਰ ਚੋਣਾਂ ਸਮਾਪਤ ਹੋਣ ਤੋਂ 48 ਘੰਟੇ ਪਹਿਲਾਂ ਕੋਈ ਵੀ ਪਬਲਿਕ ਮੀਟਿੰਗ ਨਹੀਂ ਕੀਤੀ ਜਾਵੇਗੀ। ਮੋਗਾ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ-ਤੇ -ਵਧੀਕ ਡਿਪਟੀ ਕਮਿਸ਼ਨਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ -2023 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਇਹਨਾਂ ਗ੍ਰਾਮ ਪੰਚਾਇਤ ਚੋਣਾਂ-2024 ਲਈ ਚੋਣ ਲੜ ਰਹੇ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਲਈ ਆਏ ਬਾਹਰਲੇ ਵਿਅਕਤੀ, ਰਿਸ਼ਤੇਦਾਰ ਅਤੇ ਸਮਰੱਥਕਾਂ ਨੂੰ ਆਦੇਸ਼ ਜਾਰੀ ਕੀਤੇ ਨੇ ਕਿ ਉਹ 13 ਅਕਤੂਬਰ, 2024

ਨੂੰ ਚੋਣ ਪ੍ਰਚਾਰ ਖਤਮ ਹੋਣ ਤੋਂ ਤੁਰੰਤ ਬਾਅਦ ਚਲੇ ਜਾਣ ਅਤੇ ਪੋਲਿੰਗ ਸਮਾਪਤ ਹੋਣ ਤੱਕ ਗ੍ਰਾਮ ਪੰਚਾਇਤ ਦੇ ਅਧਿਕਾਰ ਖੇਤਰ ਵਿੱਚ ਦਾਖਲ ਨਾ ਹੋਣ। ਇਹ ਹੁਕਮ ਸਿਵਲ ਪ੍ਰਸੋਨਲ, ਪੈਰਾ ਮਿਲਟਰੀ ਫੋਰਸ ਅਤੇ ਬਾਵਰਦੀ ਪੁਲਿਸ ਕਰਮਚਾਰੀਆਂ ਤੇ ਲਾਗੂ ਨਹੀਂ ਹੋਵੇਗਾ। ਹਿੰਦੂਸਥਾਨ ਸਮਾਚਾਰ / ਦਵਿੰਦਰ ਸਿੰਘ

---------------------------------------------------------

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੁਸਿਹਰੇ ਦਾ ਤਿਉਹਾਰ ਮਨਾਉਣ ‘ਚ ਦੇਸ਼ ਦੀ ਅਗਵਾਈ ਕੀਤੀ . ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਤੇ ਓਹਨਾਂ ਨਾਲ ਮੌਜੂਦ ਹੋਰ ਪਤਵੰਤਿਆਂ ਨੇ ਇਸ ਮੌਕੇ ਰਾਮਲੀਲਾ ਵੀ ਦੇਖੀ . ਨਵੀਂ ਦਿੱਲੀ ਦੇ ਰਾਮਲੀਲਾ ਮੈਦਾਨ ‘ਚ ਹੋਏ ਰਾਵਣ ਦਹਿਨ ਤੋਂ ਪਹਿਲਾਂ ਰਾਮ – ਰਾਵਣ ਯੁਧ ਦਾ ਸੰਖੇਪ ਮੰਚਨ ਹੋਇਆ. ਇਸ ਤੋਂ ਬਾਅਦ ਰਾਸ਼ਟਪਤੀ ਦ੍ਰੌਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਤੀਰ ਮਾਰਿਆ ਅਤੇ ਰਾਵਣ, ਕੁੰਭਕਰਣ ਤੇ ਮੇਘਨਾਧ ਦੇ ਪੁਤਲੇ ਨੂੰ ਅੱਗ ਲਾਈ ਗਈ . ਇਸ ਮੌਕੇ ਵੱਡੀ ਗਿਣਤੀ’ਚ ਲੋਕ ਮੌਜੂਦ ਸਨ.

------------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਦੁਸ਼ਿਹਰੇ ਦੇ ਮੌਕੇ 'ਤੇ ਦਾਰਜੀਲਿੰਗ ਦੀ ਸੁਕਨਾ ਛਾਉਣੀ, ਵਿਖੇ ਸ਼ਸਤਰ ਪੂਜਾ ਕੀਤੀ ਅਤੇ ਫੌਜ ਦੇ ਜਵਾਨਾਂ ਨਾਲ ਤਿਉਹਾਰ ਮਨਾਇਆ ਓਹਨਾਂ ਭਾਰਤੀ ਫੌਜ ਦੇ 33 ਕੋਰ ਸਦਰਮੁਕਾਮ ਵਿੱਚ ਰਵਾਇਤੀ ਹਥਿਆਰ ਪੂਜਾ ਜਾਂ ਸ਼ਾਸਤਰ ਪੂਜਾ ਵਿੱਚ ਹਿੱਸਾ ਲਿਆ। ਰੱਖਿਆ ਮੰਤਰੀ ਨੇ ਕਿਹਾ ਕਿ, ਵਿਜੇ ਦਸ਼ਮੀ ਦੇ ਮੌਕੇ 'ਤੇ ਹਥਿਆਰ ਪੂਜਾ ਦੀ ਇਹ ਬਹੁਤ ਪੁਰਾਣੀ ਪਰੰਪਰਾ ਏ।

------------------------------------------------------------------

ਪਟਿਆਲਾ ਦੇ ਐਸ.ਡੀ.ਐਮ ਮਨਜੀਤ ਕੌਰ ਵੱਲੋਂ ਪਿੰਡ ਬਖ਼ਸ਼ੀਵਾਲ ਦੇ ਅਗਾਂਹਵਧੂ ਕਿਸਾਨਾਂ ਦਾ ਉਨ੍ਹਾਂ ਦੇ ਖੇਤਾਂ ਵਿੱਚ ਜਾ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਸਬ ਡਵੀਜ਼ਨ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕਰਕੇ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਕਿਸਾਨਾਂ ਨਾਲ ਵਿਸ਼ੇਸ਼ ਮਿਲਣੀ ਕੀਤੀ ਗਈ ਅਤੇ ਵਾਤਾਵਰਣ ਨੂੰ ਬਚਾਉਣ ਲਈ ਕਿਸਾਨਾਂ ਵੱਲੋਂ ਕੀਤੇ ਜਾ ਰਹੇ ਕੰਮ ਦੀ ਉਨ੍ਹਾਂ ਸ਼ਲਾਘਾ ਕੀਤੀ।ਇਸ ਮੌਕੇ ਉਹਨਾਂ ਕਿਹਾ ਕਿ ਪਰਾਲੀ ਦਾ  ਸੁਚੱਜੇ ਢੰਗ ਨਾਲ ਨਿਪਟਾਰਾ ਕਰਨ

ਵਾਲੇ ਅਤੇ ਫ਼ਸਲੀ ਵਿਭਿੰਨਤਾ ਅਪਣਾਉਣ ਵਾਲੇ ਕਿਸਾਨਾਂ ਤੋਂ ਹੋਰਨਾਂ ਕਿਸਾਨਾਂ ਨੂੰ ਸੇਧ ਲੈਣੀ ਚਾਹੀਦੀ ਏ । ਉਨ੍ਹਾਂ ਕਿਹਾ ਕਿ ਪਰਾਲੀ ਪ੍ਰਬੰਧਨ ਕਰਨ ਵਾਲੇ ਕਿਸਾਨ ਸਾਡੇ ਨਾਇਕ ਨੇ ਜੋ ਆਪਣੇ ਫ਼ਾਇਦੇ ਤੋਂ ਉਪਰ ਉਠਕੇ ਲੋਕਾਂ ਨੂੰ ਹੋਣ ਵਾਲੇ ਨੁਕਸਾਨ ਪ੍ਰਤੀ ਪਹਿਲਾਂ ਸੋਚਦੇ ਨੇ । ਉਨ੍ਹਾਂ ਕਿਹਾ ਕਿ ਜਿਨ੍ਹਾਂ ਕਿਸਾਨਾਂ ਵੱਲੋਂ ਪਿਛਲੇ ਸਾਲਾਂ ਦੌਰਾਨ ਪਰਾਲੀ ਨੂੰ ਅੱਗ ਨਹੀਂ ਲਗਾਈ ਸੀ, ਉਨ੍ਹਾਂ ਦਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਨਮਾਨ ਕੀਤਾ ਜਾ ਰਿਹਾ ਹੈ।

-----------------------------------------------------

ਸੂਬੇ ਵਿੱਚੋਂ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਜਾਰੀ ਮੁਹਿੰਮ ਤਹਿਤ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਨੈੱਟਵਰਕ ਨੂੰ ਵੱਡਾ ਝਟਕਾ ਦਿੰਦਿਆਂ ਪੰਜਾਬ ਪੁਲਿਸ ਦੀ ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਅੰਮ੍ਰਿਤਸਰ ਦੇ ਪਿੰਡ ਸੁੱਖੇਵਾਲਾ ਨੇੜੇ ਦੋ ਸ਼ੱਕੀ ਵਾਹਨ ਪਾਏ ਗਏ ਅਤੇ ਜਿਸ ‘ਚੋਂ ਇੱਕ ਵਿਚੋਂ 10.4 ਕਿਲੋ ਹੈਰੋਇਨ ਬਰਾਮਦ ਕੀਤੀ ਗਈ। ਇਹ ਜਾਣਕਾਰੀ ਅੱਜ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਦੱਸਣਯੋਗ ਹੈ ਕਿ ਮੁਲਜ਼ਮ ਜਿਸ ਦੀ

ਪਛਾਣ ਸੁਖਰਾਜ ਸਿੰਘ ਵਜੋਂ ਹੋਈ ਹੈ, ਆਪਣੇ ਸਾਥੀ ਸਮੇਤ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਹੋ ਗਿਆ। ਨਸ਼ੀਲੇ ਪਦਾਰਥ ਨੂੰ ਕਬਜ਼ੇ 'ਚ ਲੈ ਲਿਆ ਗਿਆ ਏ । ਦੋਵਾਂ ਭਗੌੜਿਆਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਏ ।

---------------------------------------------------

ਬੀਤੇ ਦਿਨੀ ਦੁਨੀਆ ਭਰ ਵਿੱਚ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਇਆ ਗਿਆ । ਇਹ ਦਿਨ ਮਾਨਸਿਕ ਸਿਹਤ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਦੁਨੀਆ ਭਰ ਵਿੱਚ ਮਾਨਸਿਕ ਸਿਹਤ ਸੇਵਾਵਾਂ ਨੂੰ ਉਤਸ਼ਾਹਿਤ ਕਰਨ ਲਈ, ਯਤਨਾਂ ਨੂੰ ਮਜ਼ਬੂਤ ਕਰਨ ਲਈ ਮਨਾਇਆ ਜਾਂਦਾ ਏ। ਇਸ ਸਾਲ ਦਾ ਵਿਸ਼ਾ - ''ਕੰਮ ਵਾਲੀ ਥਾਂ 'ਤੇ ਮਾਨਸਿਕ ਸਿਹਤ'' ਏ।

---------------------------------------------------

ਪੰਜਾਬ ਅਤੇ ਚੰਡੀਗੜ੍ਹ ਦੇ ਤਾਪਮਾਨ ਵਿੱਚ ਲਗਾਤਾਰ ਗਿਰਾਵਟ ਦੇਖਣ ਨੂੰ ਮਿਲ ਰਹੀ ਏ । ਮਾਨਸੂਨ ਦੇ ਜਾਣ ਤੋਂ ਬਾਅਦ ਮੌਸਮ ਖੁਸ਼ਕ ਹੋ ਗਿਆ ਏ । ਅਗਲੇ ਇੱਕ ਹਫ਼ਤੇ ਤੱਕ ਕਿਸੇ ਪੱਛਮੀ ਗੜਬੜੀ ਦੇ ਸਰਗਰਮ ਹੋਣ

ਦੀ ਕੋਈ ਸੰਭਾਵਨਾ ਨਹੀਂ ਏ। ਇਸ ਦੇ ਨਾਲ ਹੀ ਪੰਜਾਬ ਦਾ ਫਰੀਦਕੋਟ ਜ਼ਿਲਾ ਸਭ ਤੋਂ ਗਰਮ ਰਿਹਾ, ਜਿੱਥੇ ਤਾਪਮਾਨ 35.4 ਡਿਗਰੀ ਦਰਜ਼ ਕੀਤਾ ਗਿਆ | ਚੰਡੀਗੜ੍ਹ ਦਾ ਤਾਪਮਾਨ 33.1 ਡਿਗਰੀ ਰਿਹਾ। ਮੌਸਮ ਵਿਗਿਆਨ ਕੇਂਦਰ (ਆਈ.ਐਮ.ਡੀ.) ਅਨੁਸਾਰ ਅਗਲੇ ਇੱਕ ਹਫ਼ਤੇ ਤੱਕ ਪੰਜਾਬ ਅਤੇ ਚੰਡੀਗੜ੍ਹ ਵਿੱਚ ਕਿਤੇ ਵੀ ਮੀਂਹ ਪੈਣ ਦੀ ਸੰਭਾਵਨਾ ਨਹੀਂ ਏ

। ਇਸ ਦੇ ਨਾਲ ਹੀ ਇਨ੍ਹਾਂ ਦਿਨਾਂ ‘ਚ ਰਾਤ ਦਾ ਤਾਪਮਾਨ ਹੌਲੀ-ਹੌਲੀ ਘੱਟ ਜਾਵੇਗਾ ਅਤੇ ਤਾਪਮਾਨ ‘ਚ ਵੀ 2 ਡਿਗਰੀ ਦੀ ਗਿਰਾਵਟ ਆਵੇਗੀ। ਇਸ ਤੋਂ ਇਲਾਵਾ ਦਿਨ ਦੇ ਵੱਧ ਤੋਂ ਵੱਧ ਤਾਪਮਾਨ ਵਿੱਚ ਵੀ ਮਾਮੂਲੀ ਗਿਰਾਵਟ ਆਵੇਗੀ।

---------------------------------------------------

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਸਰਹੱਦੀ ਸੜਕ ਸੰਗਠਨ BRO ਵੱਲੋਂ 2 ਹਜ਼ਾਰ 236 ਕਰੋੜ ਰੁਪਏ ਦੀ ਲਾਗਤ ਨਾਲ ਬਣਾਏ ਗਏ 75 ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਰਾਸ਼ਟਰ ਨੂੰ ਸਮਰਪਿਤ ਕੀਤਾ।

- ਪੰਜਾਬ ਦੀਆਂ ਮੰਡੀਆਂ ਵਿਚ ਝੋਨੇ ਦੀ ਆਮਦ ਲਗਾਤਾਰ ਜਾਰੀ।
- ਰਾਸ਼ਟਰਪਤੀ ਦ੍ਰੌਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੁਸਿਹਰੇ ਦਾ ਤਿਉਹਾਰ ਮਨਾਉਣ 'ਚ ਦੇਸ਼ ਦੀ ਅਗਵਾਈ ਕੀਤੀ।
- ਪੰਜਾਬ ਅਤੇ ਚੰਡੀਗੜ੍ਹ ਦੇ ਤਾਪਮਾਨ ਵਿਚ ਲਗਾਤਰ ਗਿਰਾਵਟ ਨਾਲ ਮੌਸਮ ਬਦਲ ਰਿਹੇ।